Tape/CD: 1307

# ਪੰਨਾ ੭੭੮

## ਵਾਰ ਸੂਹੀ ਕੀ ਸਲੋਕਾ ਨਾਲਿ ਮਹਲਾ ੩

ਪਉੜੀ ॥ ਭੈ ਬਿਨੁ ਭਗਤਿ ਨ ਹੋਵਈ ਨਾਮਿ ਨ ਲਗੈ ਪਿਆਰੁ ॥ ਸਤਿਗੁਰਿ ਮਿਲਿਐ ਭਉ ਊਪਜੈ ਭੈ ਭਾਇ ਰੰਗੁ ਸਵਾਰਿ ॥ ਤਨੁ ਮਨੁ ਰਤਾ ਰੰਗ ਸਿਉ ਹਉਮੈ ਤ੍ਰਿਸਨਾ ਮਾਰਿ ॥ ਮਨੁ ਤਨੁ ਨਿਰਮਲੁ ਅਤਿ ਸੋਹਣਾ ਭੇਟਿਆ ਕ੍ਰਿਸਨ ਮੁਰਾਰਿ ॥ ਭਉ ਭਾਉ ਸਭੁ ਤਿਸ ਦਾ ਸੋ ਸਚੁ ਵਰਤੈ ਸੰਸਾਰਿ ॥ ੯ ॥

Tape/CD: 1307

# ਪੰਨਾ ੭੩੧-੭੩੨

ਸੂਹੀ ਮਹਲਾ ੪ ॥ ਹਰਿ ਨਾਮਾ ਹਰਿ ਰੰਙੁ ਹੈ ਹਰਿ ਰੰਙੁ ਮਜੀਠੈ ਰੰਙੁ ॥ ਗੁਰਿ ਤੁਠੈ ਹਰਿ ਰੰਗੁ ਚਾੜਿਆ ਫਿਰਿ ਬਹੁੜਿ ਨ ਹੋਵੀ ਭੰਙੁ ॥ ੧ ॥ ਮੇਰੇ ਮਨ ਹਰਿ ਰਾਮ ਨਾਮਿ ਕਰਿ ਰੰਙੁ ॥ ਗੁਰਿ ਤੁਠੈ ਹਰਿ ਉਪਦੇਸਿਆ ਹਰਿ ਭੇਟਿਆ ਰਾਉ ਨਿਸੰਙੁ ॥ ੧ ॥ ਰਹਾਉ ॥ ਮੁੰਧ ਇਆਣੀ ਮਨਮੁਖੀ ਫਿਰਿ ਆਵਣ ਜਾਣਾ ਅੰਙੁ ॥ ਹਰਿ ਪ੍ਰਭੁ ਚਿਤਿ ਨ ਆਇਓ ਮਨਿ ਦੂਜਾ ਭਾਉ ਸਹਲੰਙੁ ॥ ੨ ॥ ਹਮ ਮੈਲੁ ਭਰੇ ਦੁਹਚਾਰੀਆ ਹਰਿ ਰਾਖਹੁ ਅੰਗੀ ਅੰਙੁ ॥ ਗੁਰਿ ਅੰਮ੍ਰਿਤ ਸਰਿ ਨਵਲਾਇਆ ਸਭਿ ਲਾਥੇ ਕਿਲਵਿਖ ਪੰਙੁ ॥ ੩ ॥ ਹਰਿ ਦੀਨਾ ਦੀਨ ਦਇਆਲ ਪ੍ਰਭੁ ਸਤਸੰਗਤਿ ਮੇਲਹੁ ਸੰਙੁ ॥ ਮਿਲਿ ਸੰਗਤਿ ਹਰਿ ਰੰਗੁ ਪਾਇਆ ਜਨ ਨਾਨਕ ਮਨਿ ਤਨਿ ਰੰਙੁ ॥ ੪ ॥ ੩ ॥

Tape/CD: 1307

# ਪੰਨਾ ੪੫੦

## ਆਸਾ ਮਹਲਾ ੪ ਛੰਤ ਘਰੁ ੪

ਤੂੰ ਹਰਿ ਤੇਰਾ ਸਭੁ ਕੋ ਸਭਿ ਤੁਧੁ ਉਪਾਏ ਰਾਮ ਰਾਜੇ ॥ ਕਿਛੁ ਹਾਥਿ ਕਿਸੈ ਦੈ ਕਿਛੁ ਨਾਹੀ ਸਭਿ ਚਲਹਿ ਚਲਾਏ ॥ ਜਿਨ੍ ਤੂੰ ਮੇਲਹਿ ਪਿਆਰੇ ਸੇ ਤੁਧੁ ਮਿਲਹਿ ਜੋ ਹਰਿ ਮਨਿ ਭਾਏ ॥ ਜਨ ਨਾਨਕ ਸਤਿਗੁਰੁ ਭੇਟਿਆ ਹਰਿ ਨਾਮਿ ਤਰਾਏ ॥ ੩ ॥

Tape/CD: 1307

# ਪੰਨਾ ੧੪੧੫

## ਸਲੋਕ ਮਹਲਾ ੩

ਚਿੰਤਾ ਧਾਵਤ ਰਹਿ ਗਏ ਤਾਂ ਮਨਿ ਭਇਆ ਅਨੰਦੂ ॥
ਗੁਰ ਪ੍ਰਸਾਦੀ ਬੁਝੀਐ ਸਾ ਧਨ ਸੁਤੀ ਨਿਚਿੰਦ ॥ ਜਿਨ
ਕਉ ਪੂਰਬਿ ਲਿਖਿਆ ਤਿਨ੍ਹਾ ਭੇਟਿਆ ਗੁਰ ਗੋਵਿੰਦੂ ॥
ਨਾਨਕ ਸਹਜੇ ਮਿਲਿ ਰਹੇ ਹਰਿ ਪਾਇਆ ਪਰਮਾਨੰਦੂ
॥ ੨੫ ॥